Vigilance Bureau Punjab

# VIGILANCE ARREST ASSISTANT LINEMAN FOR TAKING BRIBE

Chandigarh, May 30: Punjab Vigilance Bureau today arrested an Assistant Lineman (ALM) of PSPCL posted at Jalandhar for taking bribe of Rs. 75000.

Disclosing this here today an official spokesperson of the state Vigilance Bureau said Amrit Lal Modi, ALM, posted at PSPCL office village Barring, Jalandhar district was arrested on the complaint of Balveer Kaur of village Tallan, Jalandhar. The complainant has lodged her complaint on the VB WhatsApp number and alleged that the above named lineman had already taken Rs. 75000 in three instalments to settle her domestic electricity bill but that never happened.

The complainant further submitted that the accused ALM has given her a cheque amounting to Rs 50000 to return the bribe amount but it was dishonoured by the bank.

The spokesperson informed that during investigation of this complaint the allegations were proved to be true and the accused confessed to the crime. On the basis of his confessions a VB team from Jalandhar arrested the ALM for committing corrupt practices.

He informed that a case under Prevention of Corruption Act has been registered against the above mentioned accused at VB police station Jalandhar and further investigation was under progress.

-------------------

ਵਿਜੀਲੈਂਸ ਬਿਊਰੋ ਪੰਜਾਬ

# ਰਿਸ਼ਵਤ ਲੈਣ ਦੇ ਦੋਸ਼ ‘ਚ ਵਿਜੀਲੈਂਸ ਵੱਲੋਂ ਸਹਾਇਕ ਲਾਈਨਮੈਨ ਗ੍ਰਿਫਤਾਰ

ਚੰਡੀਗੜ੍ਹ, 30 ਮਈ:

ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਜਲੰਧਰ ਵਿਖੇ ਤਾਇਨਾਤ ਪੀ.ਐਸ.ਪੀ.ਸੀ.ਐਲ. ਦੇ ਇੱਕ ਸਹਾਇਕ ਲਾਈਨਮੈਨ (ਏ.ਐਲ.ਐਮ) ਨੂੰ 75000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਪੀ.ਐਸ.ਪੀ.ਸੀ.ਐਲ. ਦੇ ਦਫ਼ਤਰ ਪਿੰਡ ਬੜਿੰਗ, ਜਲੰਧਰ ਵਿਖੇ ਤਾਇਨਾਤ ਏ.ਐਲ.ਐਮ ਅੰਮ੍ਰਿਤ ਲਾਲ ਮੋਦੀ ਨੂੰ ਬਲਵੀਰ ਕੌਰ ਵਾਸੀ ਪਿੰਡ ਤੱਲਣ, ਜਿਲਾ ਜਲੰਧਰ ਦੀ ਸ਼ਿਕਾਇਤ ’ਤੇ ਗ੍ਰਿਫਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਦੇ ਵਟਸਐਪ ਨੰਬਰ ’ਤੇ ਆਪਣੀ ਦਰਜ ਕਰਵਾਈ ਸ਼ਿਕਾਇਤ ਵਿੱਚ ਦੋਸ਼ ਲਾਇਆ ਸੀ ਕਿ ਉਕਤ ਲਾਈਨਮੈਨ ਪਹਿਲਾਂ ਹੀ ਉਸ ਦੇ ਘਰੇਲੂ ਬਿਜਲੀ ਬਿੱਲ ਦੇ ਨਿਪਟਾਰੇ ਲਈ ਤਿੰਨ ਕਿਸ਼ਤਾਂ ਵਿੱਚ 75000 ਰੁਪਏ ਲੈ ਚੁੱਕਾ ਹੈ ਪਰ ਉਸਦੇ ਬਿਜਲੀ ਬਿੱਲ ਦਾ ਨਿਪਟਾਰਾ ਨਹੀਂ ਕੀਤਾ ਗਿਆ।

ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਦੋਸ਼ੀ ਏ.ਐਲ.ਐਮ ਨੇ ਉਸ ਨੂੰ ਰਿਸ਼ਵਤ ਦੀ ਰਕਮ ਵਾਪਸ ਕਰਨ ਲਈ 50000 ਰੁਪਏ ਦਾ ਚੈੱਕ ਵੀ ਦਿੱਤਾ ਸੀ ਪਰ ਬੈਂਕ ਵੱਲੋਂ ਇਹ ਚੈੱਕ ਰੱਦ ਕਰ ਦਿੱਤਾ ਗਿਆ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਜਾਂਚ ਦੌਰਾਨ ਦੋਸ਼ ਸਹੀ ਸਾਬਤ ਹੋਏ ਅਤੇ ਮੁਲਜ਼ਮ ਨੇ ਆਪਣਾ ਜੁਰਮ ਕਬੂਲ ਕਰ ਲਿਆ। ਉਸ ਦੇ ਇਕਬਾਲੀਆ ਬਿਆਨ ਦੇ ਆਧਾਰ ’ਤੇ ਜਲੰਧਰ ਤੋਂ ਵਿਜੀਲੈਂਸ ਬਿਉਰੋ ਦੀ ਟੀਮ ਨੇ ਉਕਤ ਦੋਸ਼ੀ ਏ.ਐੱਲ.ਐੱਮ. ਨੂੰ ਭ੍ਰਿਸ਼ਟਚਾਰ ਦੇ ਦੋਸ਼ ਵਿੱਚ ਗ੍ਰਿਫਤਾਰ ਕਰ ਲਿਆ।

ਉਹਨਾਂ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਗਈ ਹੈ।

----------